ਸਾਹਿਤਕ ਕਵੀ, ਕਹਾਣੀਕਾਰ, ਲੇਖਕ ਅਤੇ ਗੀਤ ਸੰਗੀਤ ਵਿੱਚ ਰੁਚੀ ਰੱਖਣ ਵਾਲਿਆਂ ਲਈ ਫੋਟੋ ਅਤੇ ਆਪਣੀ ਨਿੱਜੀ ਰਚਨਾ ਭੇਜਣ ਲਈ

Whatsapp No

416 700 9100

vishavpunjabisanjh@gmail.com



ਰੋਜ਼ਾਨਾ

# ਵਿਸ਼ਵ ਪੰਜਾਬੀ ਸਾਂਝ

ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਟਾਂਰੀਓ




ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ


Dalbir Singh Kathuria, CEO

BRAMPTON CASH & CARRY

905-230-4800

416-700-9100

BramptonCashandCarry2023@gmail.com

100 KENNEDY ROAD S., BRAMPTON ON L6W 3E7, CANADA

Village of India

905.450.3333

villageofindia.ca

114 KENNEDY ROAD SOUTH BRAMPTON, ON, L6W 3E7

BUFFET | DINE IN | TAKE OUT | CATERING | LUNCH & DINNER | SWEETS


# ਵਿਸ਼ਵ ਪੰਜਾਬੀ ਸਭਾ ਕੈਨੇਡਾ ਮਨੁੱਖਤਾ ਦੀ ਸੇਵਾ ਲਗਾਤਾਰ ਰੱਖੇਗੀ ਜਾਰੀ : ਚੇਅਰਮੈਨ ਡਾ. ਦਲਬੀਰ ਸਿੰਘ ਕਥੂਰੀਆ






ਪਟਿਆਲਾ 28 ਨਵੰਬਰ (ਵਿਸ਼ਵ ਪੰਜਾਬੀ ਸਾਂਝ ਕੈਨੇਡਾ) - ਦੇਸ਼ ਵਿਦੇਸ਼ ਵਿੱਚ ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਵਡਮੁੱਲਾ ਯੋਗਦਾਨ ਪਾ ਰਹੀ ਵਿਸ਼ਵ ਪੰਜਾਬੀ ਸਭਾ ਕੈਨੇਡਾ ਮਨੁੱਖਤਾ ਦੀ ਸੇਵਾ ਵਿੱਚ ਵੀ ਆਪਣਾ ਬਣਦਾ ਫਰਜ਼ ਨਿਭਾ ਰਹੀ ਹੈ। ਇਸੇ ਕੜੀ ਤਹਿਤ ਸੰਸਥਾ ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਸ਼ੰਕਰਾ ਆਈ ਹਸਪਤਾਲ (ਲੁਧਿਆਣਾ) ਦੇ ਸਹਿਯੋਗ ਨਾਲ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਕਰਮਗੜ੍ਹ (ਜ਼ਿਲ੍ਹਾ ਪਟਿਆਲਾ) ਵਿਖੇ ਅੱਖਾਂ ਦਾ ਦੂਸਰਾ ਮੁਫ਼ਤ ਚੈਕਅਪ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਵਿਸ਼ੇਸ਼ ਤੋਰ ਤੇ ਸ਼ਾਮਲ ਹੋਏ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਵੱਲੋਂ ਕੀਤਾ ਗਿਆ। ਜਦਕਿ ਇਸ ਦੌਰਾਨ ਡੀ.ਆਈ.ਜੀ ਮਨਦੀਪ ਸਿੰਘ ਸਿੱਧੂ ਅਤੇ ਐਸ.ਪੀ ਜਸਵੀਰ ਰਾਏ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਜਦ ਕਿ ਵਿਸ਼ਵ ਪੰਜਾਬੀ ਸਭਾ ਭਾਰਤ ਦੇ ਪ੍ਰਧਾਨ ਬਲਬੀਰ ਕੌਰ ਰਾਏਕੋਟੀ ਵੀ ਮੌਜੂਦ ਸਨ। ਇਸ ਕੈਂਪ ਦੌਰਾਨ ਸ਼ੰਕਰਾ ਆਈ ਹਸਪਤਾਲ (ਲੁਧਿਆਣਾ) ਦੇ ਡਾਕਟਰਾਂ ਦੀ ਟੀਮ ਵੱਲੋਂ ਕੈਂਪ ਵਿੱਚ ਪਹੁੰਚੇ 350 ਤੋਂ ਵੱਧ ਮਰੀਜ਼ਾਂ ਦੀਆਂ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ, 328 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਤੇ ਦਵਾਈਆਂ ਦਿੱਤੀਆਂ ਗਈਆਂ। ਦੱਸ ਦਿੰਦੇ ਹਾਂ ਕੀ ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਇਸ ਤੋਂ ਪਹਿਲਾਂ ਬਠਿੰਡਾ ਦੇ ਕੋਟਸ਼ਮੀਰ ਪਿੰਡ ਵਿਖੇ ਅੱਖਾਂ ਦਾ ਮੁਫਤ ਚੈੱਕਅਪ ਅਤੇ ਆਪ੍ਰੇਸ਼ਨ ਦਾ ਪਹਿਲਾ ਕੈਂਪ ਲਗਾਇਆ ਗਿਆ ਸੀ। ਉਸ ਕੈਂਪ ਵਿੱਚ 450 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਦਵਾਈਆਂ ਦਿੱਤੀਆਂ ਗਈਆਂ ਸਨ। ਜਦਕਿ ਇਹਨਾਂ ਦੋਨਾਂ ਕੈਂਪਾਂ ਵਿੱਚੋਂ 60 ਦੇ ਕਰੀਬ ਮਰੀਜ਼ਾਂ ਦੀ ਚਿੱਟੇ ਮੋਤੀਏ ਦੇ ਮੁਫ਼ਤ ਆਪ੍ਰੇਸ਼ਨ ਲਈ ਚੋਣ ਕੀਤੀ ਗਈ ਹੈ, ਜਿਨਾਂ ਦਾ ਆਪ੍ਰੇਸ਼ਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਆਪਣੇ ਖ਼ਰਚ ਤੇ ਲੁਧਿਆਣਾ ਦੇ ਸ਼ੰਕਰਾ ਆਈ ਹਸਪਤਾਲ ਵਿਖੇ ਕਰਵਾਏਗੀ।

ਉਧਰ, ਕੈਂਪ ਨੂੰ ਸੰਬੋਧਨ ਕਰਦਿਆਂ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਲਈ ਉਹਨਾਂ ਦੀ ਸੰਸਥਾ ਹਮੇਸ਼ਾ ਤੱਤਪਰ ਰਹੇਗੀ ਤੇ ਉਹ ਸਮੇਂ ਸਮੇਂ ਤੇ ਸਮਾਜ ਸੇਵਾ ਦੇ ਕੰਮਾਂ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿਣਗੇ। ਇਸ ਕੈਂਪ ਦੌਰਾਨ ਪਾਕਿਸਤਾਨ ਦੇ ਲਹਿੰਦੇ ਪੰਜਾਬ ਦੇ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਪੜ੍ਹਾਏ ਜਾਣ ਦੀ ਖੁਸ਼ੀ ਵਿੱਚ ਦੇਸੀ ਘਿਓ ਦੇ ਲੱਡੂ ਵੀ ਵੰਡੇ ਗਏ।

### "ਭਾਸ਼ਾ ਵਹਿੰਦਾ ਦਰਿਆ" ਦਾ ਮੰਚਨ 29 ਨਵੰਬਰ ਨੂੰ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਸਰਕਾਰੀ ਉਦਯੋਗਿਕ ਟੀਚਰ ਟਰੇਨਿੰਗ ਸੰਸਥਾ (ਇ) ਪਟਿਆਲਾ ਦੇ ਸਹਿਯੋਗ ਨਾਲ ਮਾਂ ਬੋਲੀ ਪੰਜਾਬੀ ਨੂੰ ਸਮਰਪਿਤ ਨਾਟਕ "ਭਾਸ਼ਾ ਵਹਿੰਦਾ ਦਰਿਆ"ਦਾ ਮੰਚਨ 29 ਨਵੰਬਰ ਨੂੰ ਸਵੇਰੇ 10 ਤੋਂ ਦੁਪਿਹਰ ਦੇ 1 ਵਜੇ ਤੱਕ ਸਰਕਾਰੀ ਉਦਯੋਗਿਕ ਟੀਚਰ ਟਰੇਨਿੰਗ ਸੰਸਥਾ ਪਟਿਆਲਾ ਵਿਖੇ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਸਤੀਸ਼ ਵਿਦਰੋਹੀ ਨੇ ਦੱਸਿਆ ਕਿ ਪ੍ਰਿੰਸੀਪਲ ਮਨਮੋਹਨ ਸਿੰਘ ਅਤੇ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਦੀ ਪ੍ਰਧਾਨਗੀ ਹੇਠ ਆਯੋਜਿਤ ਇਸ ਸਮਾਗਮ ਵਿੱਚ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਮੁੱਖ ਮਹਿਮਾਨ ਦੇ ਤੌਰ ਤੇ ਸ਼ਾਮਿਲ ਹੋਣਗੇ। ਡਾਕਟਰ ਕਥੂਰੀਆ ਵੱਲੋਂ ਵਤਨ ਪੰਜਾਬ ਪੈਰਾ ਖੇਡਾਂ ਵਿੱਚੋਂ ਗੋਲਡ ਮੈਡਲ ਹਾਸਲ ਕਰਨ ਵਾਲੀ ਖਿਡਾਰਨ ਸਾਨੀਆ ਮਲੇਰਕੋਟਲਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ।

### ਚੇਅਰਮੈਨ ਡਾ.ਕਥੂਰੀਆ ਵੱਲੋਂ ਭਾਰਤ ਦੀ ਟੀਮ ਦਾ ਵਿਸ਼ੇਸ਼ ਧੰਨਵਾਦ

ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਦੀ ਅਚਨਚੇਤ ਭਾਰਤ ਫੇਰੀ ਮੌਕੇ ਪੁਸਤਕ ਸੱਭਿਆਚਾਰ ਸਮਾਗਮ ਅਤੇ ਦੋ ਕੈਂਪ ਲਗਾਏ ਗਏ ਤਾਂ ਜੋ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ। ਇਸ ਤਰ੍ਹਾਂ ਦੇ ਵਿਲੱਖਣ ਕਾਰਜ਼ ਲਈ ਵਿਸ਼ਵ ਪੰਜਾਬੀ ਸਭਾ ਕੈਨੇਡਾ ਭਵਿੱਖ ਵਿੱਚ ਵੀ ਕਾਰਜ਼ ਕਰਦੀ ਰਹੇਗੀ। ਜਦਕਿ ਪਹਿਲਾਂ ਵੀ ਅਜਿਹੇ ਕਾਰਜ਼ ਕੀਤੇ ਜਾ ਰਹੇ ਹਨ, ਜਿਵੇਂ ਕਿ ਕੈਨੇਡਾ ਦੇ ਵਿੱਚ ਵਿਸ਼ਵ ਪੰਜਾਬੀ ਭਵਨ ਬਣਾ ਕੇ ਬਰੈਂਪਟਨ ਵਿਖੇ ਕਿਸੇ ਵੀ ਪੰਜਾਬੀ ਸਰਗਰਮੀ ਲਈ ਇਸ ਵਿਸ਼ਵ ਪੰਜਾਬੀ ਭਵਨ ਦੇ ਦਰਵਾਜੇ ਹਮੇਸ਼ਾ ਖੁੱਲੇ ਰਹਿੰਦੇ ਹਨ। ਚੇਅਰਮੈਨ ਡਾਕਟਰ ਕਥੂਰੀਆ ਨੇ ਇੰਡੀਆ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਜਿਨਾਂ ਨੇ ਇਹਨਾਂ ਕੈਂਪਾਂ ਵਿੱਚ ਤੇ ਪੁਸਤਕ ਸੱਭਿਆਚਾਰ ਨੂੰ ਸਮਰਪਿਤ ਸਮਾਗਮ ਦੇ ਵਿੱਚ ਸਹਿਯੋਗ ਲਈ ਵਿਸ਼ੇਸ਼ ਰੋਲ ਅਦਾ ਕੀਤਾ।










**ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਸ਼ੰਕਰਾ ਆਈ ਹਸਪਤਾਲ (ਲੁਧਿਆਣਾ) ਦੇ ਸਹਿਯੋਗ ਨਾਲ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਕਰਮਗੜ੍ਹ (ਜ਼ਿਲ੍ਹਾ ਪਟਿਆਲਾ) ਵਿਖੇ ਲਗਾਏ ਗਏ ਅੱਖਾਂ ਦੇ ਮੁਫਤ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਦੌਰਾਨ 650 ਮਰੀਜ਼ਾਂ ਦੀ ਜਾਂਚ ਕੀਤੀ ਗਈ, 60 ਦੇ ਕਰੀਬ ਮਰੀਜ਼ਾਂ ਦੀ ਚਿੱਟੇ ਮੋਤੀਏ ਦੇ ਅਪਰੇਸ਼ਨ ਲਈ ਚੋਣ ਕੀਤੀ ਗਈ । ਉੱਥੇ ਹੀ ਦਵਾਈਆਂ ਅਤੇ ਐਨਕਾਂ ਮੁਫ਼ਤ ਦਿੱਤੀਆਂ ਗਈਆ । ਕੈਂਪ ਨਾਲ ਲੋੜਵੰਦ ਮਰੀਜ਼ਾਂਨੂੰ ਕਾਫੀ ਫਾਇਦਾ ਮਿਲਿਆ।**





























# ਹਰਿਆਣਾ ਸਰਕਾਰ ਵੱਲੋਂ ਸ਼ੰਭੂ ਬਾਰਡਰ 'ਤੇ ਚਾਰ ਫੁੱਟ ਰਾਹ ਖੋਲ੍ਹਣ ਦੇ ਆਸਾਰ



(ਪਟਿਆਲਾ), 28 ਨਵੰਬਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਕਿਸਾਨ ਮੋਰਚੇ ਕਾਰਨ ਸਾਢੇ ਨੌਂ ਮਹੀਨਿਆਂ ਤੋਂ ਬੰਦ ਸ਼ੰਭੂ ਬਾਰਡਰ 'ਤੇ ਪੈਦਲ ਚੱਲਣ ਲਈ ਚਾਰ ਫੁੱਟ ਰਾਹ ਖੁੱਲ੍ਹਣ ਦੇ ਆਸਾਰ ਹਨ। ਭਾਵੇਂ ਇਸ ਸਬੰਧੀ ਅਧਿਕਾਰਤ ਤੌਰ 'ਤੇ ਕੋਈ ਪੁਸ਼ਟੀ ਨਹੀਂ ਹੋਈ ਪਰ ਇਸ ਗੱਲ ਦੀ ਚਰਚਾ ਜ਼ੋਰਾਂ 'ਤੇ ਹੈ ਕਿ ਹਰਿਆਣਾ ਸਰਕਾਰ ਛੇਤੀ ਹੀ ਸ਼ੰਭੂ ਬਾਰਡਰ 'ਤੇ ਚਾਰ ਫੁੱਟ ਰਾਹ ਖੋਲ੍ਹਣ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਇਹ ਰਸਤਾ ਫਰਵਰੀ ਦੇ ਸ਼ੁਰੂਆਤੀ ਦਿਨਾਂ ਤੋਂ ਬੰਦ ਹੈ। ਦਿੱਲੀ ਅੰਦੋਲਨ ਦੌਰਾਨ ਮੰਨੀਆਂ ਗਈਆਂ ਮੰਗਾਂ ਲਾਗੂ ਕਰਵਾਉਣ ਲਈ ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀਅਤੇ ਕਿਸਾਨ ਮਜ਼ਦੂਰ ਮੋਰਚਾ ਦੀ ਅਗਵਾਈ ਹੇਠ ਫਰਵਰੀ 'ਚ ਜਦੋਂ ਹਜ਼ਾਰਾਂ ਕਿਸਾਨ ਦਿੱਲੀ ਵੱਲ ਕੂਚ ਕਰਦੇ ਸ਼ੰਭੂ ਬਾਰਡਰ 'ਤੇ ਪਹੁੰਚੇ ਸਨ ਤਾਂ ਅੱਗੇ ਹਰਿਆਣਾਂ ਸਰਕਾਰ ਨੇ ਇਥੇ ਰੋਕਾਂ ਲਾ ਕੇ ਬਾਰਡਰ ਬੰਦ ਕਰ ਦਿੱਤਾ ਸੀ। ਕੁਝ ਦਿਨ ਪਹਿਲਾਂ ਕਿਸਾਨ ਆਗੂਆਂ ਨੇ 6 ਜਨਵਰੀ ਨੂੰ ਪੈਦਲ ਹੀ ਦਿੱਲੀ ਜਾਣ ਦਾ ਐਲਾਨ ਕੀਤਾ ਹੈ ਜਿਸ ਮਗਰੋਂ ਸ਼ੰਭੂ ਬਾਰਡਰ 'ਤੇ ਭੰਨਤੋੜ ਦੀ ਹੱਲ ਚੱਲ ਸ਼ੁਰੂ ਹੋਈ ਹੈ। ਕਿਹਾ ਜਾ ਰਿਹਾ ਹੈ ਕਿ ਹਰਿਆਣਾ ਸਰਕਾਰ ਪੈਦਲ ਚੱਲਣ ਲਈ ਚਾਰ ਫੁੱਟ ਰਾਹ ਖੋਲ੍ਹਣ ਦੇ ਰੌਂਅ 'ਚ ਹੈ। ਇਸੇ ਦੌਰਾਨ ਤਿੰਨ ਦਿਨ ਪਹਿਲਾਂ ਹੀ ਸਾਬਕਾ ਮੰਤਰੀ ਪਰਨੀਤ ਕੌਰ ਦੇ ਯਤਨਾਂ ਸਦਕਾ ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲਪੁਰ ਦੀ ਅਗਵਾਈ ਹੇਠਾਂ ਇਲਾਕੇ ਦੇ ਇੱਕ ਵਫਦ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨਾਲ ਮੁਲਾਕਾਤ ਕਰਕੇ ਸ਼ੰਭੂ ਬਾਰਡਰ ਖੋਲ੍ਹਣ ਦੀ ਬੇਨਤੀ ਵੀ ਕੀਤੀ ਸੀ।

**ਰਾਹ ਖੁੱਲ੍ਹੇ ਜਾਂ ਨਾ ਅਸੀਂ ਦਿੱਲੀ ਜਾਵਾਂਗੇ: ਪੰਧੇਰ**

ਦਿੱਲੀ ਜਾਣ ਦਾ ਐਲਾਨ ਕਰਨ ਵਾਲੇ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਦਾ ਕਹਿਣਾ ਹੈ ਕਿ ਉਨ੍ਹਾਂ ਦੀਆਂ ਛੇ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਉਨ੍ਹਾਂ ਕਿਹਾ ਕਿ ਇਹ ਰਾਹ ਖੁੱਲ੍ਹੇ ਜਾਂ ਨਾ ਉਹ ਦਿੱਲੀ ਜ਼ਰੂਰ ਜਾਣਗੇ।









# ਸਰਹੱਦੀ ਖੇਤਰ ਵਿੱਚ ਡਰੋਨ ਦੀ ਹਲਚਲ



ਪਠਾਨਕੋਟ, 28 ਨਵੰਬਰ, (ਵਿਸ਼ਵ ਪੰਜਾਬੀ ਸਾਂਝ,ਕੈਨੇਡਾ)-ਜ਼ਿਲ੍ਹੇ ਦੇ ਸਰਹੱਦੀ ਖੇਤਰ ਵਿੱਚ ਡਰੋਨ ਮੂਵਮੈਂਟ ਅਤੇ ਡਰੋਨ ਰਾਹੀਂ ਨਸ਼ਾ ਤਸਕਰੀ ਦੀਆਂ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਇਸ ਮਹੀਨੇ ਵਿੱਚ 4 ਵਾਰ ਪਾਕਿਸਤਾਨ ਵੱਲੋਂ ਭਾਰਤੀ ਖੇਤਰ ਵਿੱਚ ਡਰੋਨ ਆਇਆ ਜਦ ਕਿ ਡਰੋਨ ਰਾਹੀਂ 2 ਵਾਰ ਹੈਰੋਇਨ ਦੇ ਪੈਕੇਟ ਇਸ ਖੇਤਰ ਵਿੱਚ ਮਿਲਣ ਦਾ ਸੁਰਾਗ ਵੀ ਪੁਲੀਸ ਅਜੇ ਤੱਕ ਲਗਾ ਨਹੀਂ ਸਕੀ। ਉਧਰ, ਪੁਲੀਸ ਨੇ ਖੇਤਰ ਵਿੱਚ 4 ਸਥਾਨਾਂ 'ਤੇ ਅਸਾਲਟ ਨਾਕੇ ਲਗਾਉਣ ਦਾ ਦਾਅਵਾ ਕੀਤਾ ਹੈ ਜਦ ਕਿ ਬੀਐੱਸਐੱਫ ਨੇ ਵੀ ਕੌਮਾਂਤਰੀ ਸਰਹੱਦ ਨਾਲ ਲੱਗਦੀ ਪਹਾੜੀਪੁਰ ਪੋਸਟ ਵਿੱਚ ਜ਼ਿਲ੍ਹਾ ਪੁਲੀਸ ਦੇ ਸਹਿਯੋਗ ਨਾਲ ਇਸ ਖੇਤਰ ਦੇ ਵੀਡੀਸੀ (ਪੇਂਡੂ ਡਿਫੈਂਸ ਕਮੇਟੀ) ਮੈਂਬਰਾਂ ਅਤੇ ਪੰਚਾਂ-ਸਰਪੰਚਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਤੋਂ ਸਹਿਯੋਗ ਮੰਗਿਆ ਹੈ। ਜ਼ਿਲ੍ਹਾ ਪੁਲੀਸ ਮੁਖੀ ਦਲਜਿੰਦਰ ਸਿੰਘ ਢਿਲੋਂ ਦਾ ਕਹਿਣਾ ਸੀ ਕਿ ਉਨ੍ਹਾਂ ਸਰਹੱਦੀ ਖੇਤਰ ਦੇ 4 ਅਜਿਹੇ ਪਿੰਡ ਚੁਣੇ ਹਨ, ਜਿੱਥੇ ਹਾਲ ਹੀ ਵਿੱਚ ਡਰੋਨ ਰਾਹੀਂ ਨਸ਼ਾ ਸੁੱਟਣ ਦੀ ਕਾਰਵਾਈ ਹੋਈ। ਪੁਲੀਸ ਨੇ ਤਾਸ਼, ਅਖਵਾੜਾ, ਮੰਝੀਰੀ ਅਤੇ ਮਾਖਨਪੁਰ ਪਿੰਡਾਂ ਵਿੱਚ ਟੈਂਟ ਲਗਾ ਕੇ ਆਰਜ਼ੀ ਅਸਾਲਟ ਪੋਸਟਾਂ ਬਣਾਈਆਂ ਹਨ। ਸਲੀਪਰ ਸੈੱਲਾਂ ਦੇ ਸੁਰਾਗ ਬਾਰੇ ਪੁੱਛਣ ਤੇ ਉਨ੍ਹਾਂ ਦਾ ਕਹਿਣਾ ਸੀ ਕਿ ਇਨ੍ਹਾਂ ਦੇ ਉਸੇ ਦਿਨ ਤੋਂ ਫੋਨ ਸਵਿਚ ਆਫ ਆ ਰਹੇ ਹਨ। ਬੀਐਸਐਫ ਦੀ 121ਵੀਂ ਬਟਾਲੀਅਨ ਦੇ ਕਮਾਂਡੈਂਟ ਸੁਨੀਲ ਕੁਮਾਰ ਮਿਸ਼ਰਾ ਨੇ ਦੱਸਿਆ ਕਿ ਉਨ੍ਹਾਂ ਇਸ ਖੇਤਰ ਦੇ ਪਿੰਡਾਂ ਦੇ ਪ੍ਰਮੁੱਖ ਆਗੂਆਂ ਨਾਲ ਬੀਓਪੀ ਪਹਾੜੀਪੁਰ ਵਿੱਚ ਡੀਐੱਸਪੀ ਸੁਖਜਿੰਦਰ ਸਿੰਘ ਦੀ ਹਾਜ਼ਰੀ ਵਿੱਚ ਮੀਟਿੰਗ ਕੀਤੀ ਹੈ। ਉਨ੍ਹਾਂ ਹਾਲ ਹੀ ਵਿੱਚ ਡਰੋਨ ਦੀ ਹਲਚਲ ਬਾਰੇ ਸੂਚਨਾ ਦੇਣ ਵਾਲੇ ਸਰਪੰਚਾਂ ਅਤੇ ਲੋਕਾਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਉਨ੍ਹਾਂ ਮਾਖਨਪੁਰ ਦੇ ਸਰਪੰਚ ਤੇ ਵੀਡੀਸੀ ਮੈਂਬਰ ਮੰਗਾ ਰਾਮ, ਅਖਵਾੜਾ ਦੇ ਸਰਪੰਚ ਕਾਬਲ ਸਿੰਘ ਅਤੇ ਇੱਕ ਹੋਰ ਵੀਡੀਸੀ ਮੈਂਬਰ ਗੁਰਮੇਜ਼ ਸਿੰਘ ਨੂੰ ਮੌਕੇ ਤੇ ਸੂਚਨਾ ਦੇਣ ਲਈ ਸਨਮਾਨਿਤ ਵੀ ਕੀਤਾ।

# ਦਿੱਲੀ ਮੈਟਰੋ ਸਟੇਸ਼ਨ 'ਤੇ ਕਿਰਪਾਨ ਨਾਲ ਸਿੱਖ ਨੂੰ ਨਹੀਂ ਮਿਲੀ ਐਂਟਰੀ, SGPC ਦਾ ਜ਼ੋਰਦਾਰ ਵਿਰੋਧ, 'ਅਧਿਕਾਰਾਂ ਦੀ ਫਿਰ ਹੋਈ ਉਲੰਘਣਾ'

ਅੰਮ੍ਰਿਤਸਰ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਦੇ ਝਿਲਮਿਲ ਮੈਟਰੋ ਸਟੇਸ਼ਨ 'ਤੇ ਇਕ ਅੰਮ੍ਰਿਤਧਾਰੀ ਸਿੱਖ ਨੂੰ ਕਿਰਪਾਨ ਸਮੇਤ ਅੰਦਰ ਜਾਣ ਤੋਂ ਰੋਕਣ ਦੀ ਘਟਨਾ ਦਾ ਨੋਟਿਸ ਲੈਂਦਿਆਂ ਕਿਹਾ ਕਿ ਇਹ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਦੇ ਵਾਰ-ਵਾਰ ਮਾਮਲੇ ਸਾਹਮਣੇ ਆ ਰਹੇ ਹਨ ਅਤੇ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਅਜਿਹਾ ਕਰਨ ਵਾਲਿਆਂ 'ਤੇ ਕੋਈ ਮਿਸਾਲੀ ਕਾਰਵਾਈ ਨਹੀਂ ਕਰ ਰਹੀਆਂ ਉਹਨਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਅੰਦਰ ਦੇਸ਼ ਦੇ ਹਰ ਨਾਗਰਿਕ ਨੂੰ ਆਪਣੀਆਂ ਧਾਰਮਿਕ ਮਾਨਤਾਵਾਂ 'ਤੇ ਪਹਿਰਾ ਦੇਣ ਦੀ ਖੁੱਲ੍ਹ ਹੈ। ਅੰਮ੍ਰਿਤਧਾਰੀ ਸਿੱਖ ਲਈ ਪੰਜ ਕਕਾਰ ਧਾਰਨ ਕਰਨਾ ਲਾਜ਼ਮੀ ਹੈ ਅਤੇ ਇਸ ਦੀ ਇਜਾਜ਼ਤ ਭਾਰਤ ਦਾ ਸੰਵਿਧਾਨ ਵੀ ਦਿੰਦਾ ਹੈ। ਹਾਲ ਹੀ ਵਿਚ ਨਾਗਰਿਕ ਹਵਾਬਾਜ਼ੀ ਮੰਤਰਾਲੇ ਵੱਲੋਂ ਵੀ ਭਾਰਤ ਦੇ ਹਵਾਈ ਅੱਡਿਆਂ 'ਤੇ ਅੰਮ੍ਰਿਤਧਾਰੀ ਸਿੱਖ ਕਰਮਚਾਰੀਆਂ ਨੂੰ ਕਿਰਪਾਨ ਪਹਿਣ ਕੇ ਜਾਣ 'ਤੇ ਪਾਬੰਦੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਜਿਸ 'ਤੇ ਵੀ ਸ਼੍ਰੋਮਣੀ ਕਮੇਟੀ ਵੱਲੋਂ ਸਖ਼ਤ ਇਤਰਾਜ਼ ਪ੍ਰਗਟਾਇਆ ਗਿਆ ਸੀ ਧਾਮੀ ਇਸ ਮਾਮਲੇ ਵਿਚ ਭਾਰਤ ਦੇ ਗ੍ਰਹਿ ਮੰਤਰਾਲੇ ਅਤੇ ਦਿੱਲੀ ਸਰਕਾਰ ਨੂੰ ਤੁਰੰਤ ਕਾਰਵਾਈ ਕਰਦਿਆਂ ਸਿੱਖਾਂ ਦੇ ਹੱਕ ਹਕੂਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕਿਹਾ।

# ਸਾਈਬਰ ਠੱਗਾਂ ਨੇ ਪੁੱਤਰ ਦੇ ਨਾਮ 'ਤੇ ਬਜ਼ੁਰਗ ਨੂੰ ਠੱਗਿਆ



ਜਗਰਾਉਂ, 28 ਨਵੰਬਰ, ((ਵਿਸ਼ਵ ਪੰਜਾਬੀ ਸਾਂਝ,ਕੈਨੇਡਾ)- ਪੁਲੀਸ ਜਿਲ੍ਹ ਲੁਧਿਆਣਾ (ਦਿਹਾਤੀ) ਦੇ ਸਾਈਬਰ ਕਰਾਈਮ ਸੈੱਲ ਨੇ ਫੋਨ ਕਰਕੇ ਇੱਕ ਬਜ਼ੁਰਗ ਨੂੰ ਠੱਗਣ ਦੇ ਦੋਸ਼ ਹੇਠ ਚਾਰ ਅਣਪਛਾਤੇ ਵਿ(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਕਤੀਆਂ ਖ਼ਲਾਫ਼ ਕੇਸ ਦਰਜ ਕੀਤਾ ਹੈ। ਏਐੱਸਆਈ ਸ਼ੇਰਵਿੰਦਰ ਸਿੰਘ ਅਤੇ ਪੀੜਤ ਬਜੁਰਗ ਭੁਪਿੰਦਰ ਸਿੰਘ ਵਾਸੀ ਪਿੰਡ ਚੌਕੀਮਾਨ (ਥਾਣਾ ਸਦਰ) ਨੇ ਦੱਸਿਆ ਕਿ ਭੁਪਿੰਦਰ ਸਿੰਘ ਦਾ ਲੜਕਾ ਰਾਜਿੰਦਰ ਸਿੰਘ ਕੈਨੇਡਾ ਰਹਿੰਦਾ ਹੈ ਤੇ ਬੀਤੀ 18 ਅਕਤੂਬਰ ਨੂੰ ਉਸ ਨੂੰ ਇੱਕ ਅਣਜਾਣ ਨੰਬਰ ਤੋਂ ਕਾਲ ਆਈ ਸੀ ਜਿਸ ਵਿੱਚ ਕਾਲ ਕਰਨ ਵਾਲੇ ਨੇ ਖ਼ੁਦ ਨੂੰ ਕੈਨੇਡੀਅਨ ਪੁਲੀਸ ਦਾ ਅਧਿਕਾਰੀ ਦੱਸਦਿਆਂ ਭੁਪਿੰਦਰ ਸਿੰਘ ਨੂੰ ਡਰਾਇਆ ਕਿ ਉਸ ਦੇ ਲੜਕੇ ਕਾਰਨ ਕੈਨੇਡਾ ਵਿੱਚ ਵਾਪਰੇ ਇੱਕ ਸੜਕ ਹਾਦਸੇ ਦੌਰਾਨ ਕਿਸੇ ਦੀ ਮੌਤ ਹੋ ਗਈ ਹੈ ਜਿਸ ਕਰਕੇ ਰਾਜਿੰਦਰ ਨੂੰ ਉਮਰ ਕੈਦ ਦੀ ਸਜ਼ਾ ਹੋਈ ਹੈ। ਜੇਕਰ ਉਹ ਰਾਜਿੰਦਰ ਨੂੰ ਬਚਾਉਣਾ ਚਾਹੁੰਦਾ ਹੈ ਤਾਂ ਬਿਨਾਂ ਦੇਰੀ ਫੈਡਰਲ ਬੈਂਕ ਦੇ ਅਕਾਊਂਟ 'ਚ 4 ਲੱਖ ਰੁਪਏ ਪਾਵੇ। ਇਸ ਕਾਲ ਮਗਰੋਂ ਘਬਰਾਏ ਭੁਪਿੰਦਰ ਸਿੰਘ ਨੇ ਚਾਰ ਲੱਖ ਰੁਪਏ ਫੈਡਰਲ ਬੈਂਕ ਦੇ ਖਾਤੇ 'ਚ ਦਿੱਤੇ। ਪੈਸੇ ਭੇਜਣ ਮਗਰੋਂ ਭੁਪਿੰਦਰ ਸਿੰਘ ਨੇ ਆਪਣੇ ਪੁੱਤਰ ਨਾਲ ਗੱਲ ਕੀਤੀ ਤਾਂ ਉਸ ਨੂੰ ਪਤਾ ਲੱਗਿਆ ਕਿ ਉਹ ਠੀਕ-ਠਾਕ ਹੈ ਤੇ ਉਸ ਨਾਲ ਕੋਈ ਹਾਦਸਾ ਨਹੀਂ ਵਾਪਰਿਆ। ਇਸ ਮਗਰੋਂ ਭੁਪਿੰਦਰ ਸਿੰਘ ਨੂੰ ਆਪਣੇ ਨਾਲ ਹੋਈ ਠੱਗੀ ਦਾ ਅਹਿਸਾਸ ਹੋਇਆ। ਸਾਈਬਰ ਸੈੱਲ ਨੇ ਇਸ ਸਬੰਧੀ ਕੇਸ ਦਰਜ ਕਰ ਕੇ ਛਾਣਬੀਣ ਆਰੰਭ ਦਿੱਤੀ ਹੈ।

## ਜ਼ਰੂਰੀ ਸੂਚਨਾਂ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਆਪਣਾ ਰੋਜ਼ਾਨਾ ਅਖ਼ਬਾਰ ਸ਼ੁਰੂ ਕੀਤਾ ਗਿਆ ਹੈ,ਜਿਸ ਦਾ ਨਾਮ 'ਵਿਸਵ ਪੰਜਾਬੀ ਸਾਂਝ'ਰੱਖਿਆ ਗਿਆ ਹੈ। ਤੁਸੀ ਆਪਣੀਆਂ ਰਚਨਾਵਾਂ/ਕਹਾਣੀ/ ਲੇਖ ਜਾਂ ਸਾਹਿਤਕ ਕਿਰਤ ਛੱਪਣ ਲਈ ਭੇਜ ਸਕਦੇ ਹੋ।

**ਲਿਖਤਾਂ ਭੇਜਣ ਲਈ ਈਮੇਲ ਪਤਾ**
vishavPunjabisanjh@gmail.com

ਲੇਖਕ ਆਪਣਾ ਨਾਮ ਫੋਨ ਨੰਬਰ ਅਤੇ ਫੋਟੋ ਵੀ ਜਰੂਰ ਭੇਜਣ ਦੀ ਕ੍ਰਿਪਾਲਤਾ ਕਰੋਂ

ਨੋਟ : ਅਖ਼ਬਾਰ ਵਿੱਚ ਭੇਜੀਆ ਰਚਨਾਵਾਂ ਜਾਂ ਸਮੱਗਰੀ ਸਾਹਿਤਕ ਅਤੇ ਸੱਭਿਅਕ ਹੋਵੇ ਸਮਾਜ ਨੂੰ ਸੇਧ ਦੇਣ ਵਾਲੀ ਹੋਵੇ।

ਅਖ਼ਬਾਰ ਵਿੱਚ ਸ਼ਾਮਿਲ ਲਿਖਤਾਂ ਤੇ ਵਿਚਾਰਾਂ ਲਈ ਲੇਖਕ ਖੁਦ ਜਿੰਮੇਵਾਰ ਹੈ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ













# ਜੇਕਰ ਤੁਸੀਂ ਰੋਜ਼ਾਨਾ ਖ਼ਾਲੀ ਪੇਟ ਕੋਸੇ ਪਾਣੀ ਦਾ ਸੇਵਨ ਕਰੋਗਾ ਤਾਂ ਹੋਣਗੇ ਕਈ ਫ਼ਾਇਦੇ

ਸਾਡੇ ਬਜ਼ੁਰਗ ਲੰਬੇ ਸਮੇਂ ਤੋਂ ਸਾਨੂੰ ਸਵੇਰੇ ਖ਼ਾਲੀ ਪੇਟ ਕੋਸਾ ਪਾਣੀ ਪੀਣ ਦੀ ਸਲਾਹ ਦਿੰਦੇ ਆ ਰਹੇ ਹਨ। ਦਰਅਸਲ, ਆਯੁਰਵੇਦ ਅਨੁਸਾਰ ਸਵੇਰੇ ਗਰਮ ਪਾਣੀ ਪੀਣਾ ਸਿਹਤ ਲਈ ਬਹੁਤ ਫ਼ਾਇਦੇਮੰਦ ਹੁੰਦਾ ਹੈ। ਇਹ ਸਿਹਤ ਨਾਲ ਜੁੜੀਆਂ ਕਈ ਸਮੱਸਿਆਵਾਂ ਨੂੰ ਦੂਰ ਕਰਨ 'ਚ ਮਦਦ ਕਰਦਾ ਹੈ।

**ਆਉ ਜਾਣਦੇ ਹਾਂ ਕੋਸਾ ਪਾਣੀ ਪੀਣ ਨਾਲ ਹੋਣ ਵਾਲੇ ਫ਼ਾਇਦਿਆਂ ਬਾਰੇ:**

ਗਰਮ ਪਾਣੀ ਪੀਣ ਨਾਲ ਸਰੀਰ ਦਾ ਤਾਪਮਾਨ ਵਧਦਾ ਹੈ ਜਿਸ ਨਾਲ ਮੈਟਾਬੋਲਿਜ਼ਮ ਵਧਦਾ ਹੈ। ਬਿਹਤਰ ਮੈਟਾਬੋਲਿਜ਼ਮ ਦਾ ਮਤਲਬ ਹੈ ਕਿ ਸਰੀਰ ਭੋਜਨ ਨੂੰ ਜਲਦੀ ਹਜ਼ਮ ਕਰੇਗਾ ਅਤੇ ਭਾਰ ਘਟਾਉਣ ਵਿਚ ਵੀ ਮਦਦ ਕਰੇਗਾ। ਗਰਮ ਪਾਣੀ ਪਾਚਨ ਤੰਤਰ ਨੂੰ ਐਕਟਿਵ ਕਰਦਾ ਹੈ ਅਤੇ ਕਬਜ਼ ਤੇ ਬਦਹਜ਼ਮੀ ਵਰਗੀਆਂ ਸਮੱਸਿਆਵਾਂ ਨੂੰ ਦੂਰ ਕਰਨ ਵਿਚ ਮਦਦ ਕਰਦਾ ਹੈ। ਇਹ ਅੰਤੜੀਆਂ ਦੀਆਂ ਮਾਸਪੇਸ਼ੀਆਂ ਨੂੰ ਆਰਾਮ ਦਿੰਦਾ ਹੈ ਅਤੇ ਅੰਤੜੀਆਂ ਦੀ ਗਤੀ ਵਿਚ ਮਦਦ ਕਰਦਾ ਹੈ। ਗਰਮ ਪਾਣੀ ਪੀਣ ਨਾਲ ਤੁਸੀਂ ਜ਼ਿਆਦਾ ਦੇਰ ਤਕ ਪੇਟ ਭਰਿਆ ਮਹਿਸੂਸ ਕਰਦੇ ਹੋ ਜਿਸ ਨਾਲ ਤੁਸੀਂ ਘੱਟ ਖਾਂਦੇ ਹੋ ਅਤੇ ਭਾਰ ਘਟਾਉਣ ਵਿਚ ਮਦਦ ਮਿਲਦੀ ਹੈ। ਗਰਮ ਪਾਣੀ ਸਰੀਰ ਵਿਚ ਖ਼ੂਨ ਦਾ ਸੰਚਾਰ ਵਧਾਉਂਦਾ ਹੈ ਜਿਸ ਨਾਲ ਚਮੜੀ ਨੂੰ ਜ਼ਿਆਦਾ ਆਕਸੀਜਨ ਮਿਲਦੀ ਹੈ। ਇਹ ਚਮੜੀ ਨੂੰ ਚਮਕਦਾਰ ਬਣਾਉਂਦਾ ਹੈ ਅਤੇ ਮੁਹਾਂਸਿਆਂ ਨੂੰ ਘਟਾਉਣ ਵਿਚ ਮਦਦ ਕਰਦਾ ਹੈ।

ਗਰਮ ਪਾਣੀ ਪੀਣ ਨਾਲ ਸਰੀਰ ਨੂੰ ਵੀ ਡੀਟੌਕਸਫ਼ਾਈ ਕੀਤਾ ਜਾਂਦਾ ਹੈ ਜਿਸ ਨਾਲ ਸਰੀਰ ਦੇ ਜ਼ਹਿਰੀਲੇ ਤੱਤ ਬਾਹਰ ਨਿਕਲਦੇ ਹਨ ਅਤੇ ਚਮੜੀ 'ਤੇ ਨਿਖਾਰ ਆਉਂਦਾ ਹੈ। ਗਰਮ ਪਾਣੀ ਸਰੀਰ ਦੀ ਇਮਿਊਨਿਟੀ ਨੂੰ ਵਧਾਉਂਦਾ ਹੈ ਅਤੇ ਤੁਹਾਨੂੰ ਬੀਮਾਰੀਆਂ ਤੋਂ ਬਚਾਉਣ 'ਚ ਮਦਦ ਕਰਦਾ ਹੈ। ਗਰਮ ਪਾਣੀ ਪੀਣ ਨਾਲ ਗਲੇ ਦੇ ਦਰਦ ਅਤੇ ਖਰਾਸ਼ ਤੋਂ ਵੀ ਰਾਹਤ ਮਿਲਦੀ ਹੈ। ਖ਼ਾਸ ਕਰ ਕੇ ਜੇ ਤੁਹਾਨੂੰ ਜ਼ੁਕਾਮ ਹੈ। ਗਰਮ ਪਾਣੀ ਪੀਣ ਨਾਲ ਤਣਾਅ ਘੱਟ ਹੁੰਦਾ ਹੈ ਅਤੇ ਤੁਸੀਂ ਜ਼ਿਆਦਾ ਸ਼ਾਂਤ ਮਹਿਸੂਸ ਕਰਦੇ ਹੋ। ਇਨ੍ਹਾਂ ਕਾਰਨਾਂ ਕਰ ਕੇ ਸਵੇਰੇ ਖ਼ਾਲੀ ਪੇਟ ਕੋਸਾ ਪਾਣੀ ਪੀਣਾ ਬਹੁਤ ਫ਼ਾਇਦੇਮੰਦ ਹੋ ਸਕਦਾ ਹੈ।

# ਬੈਂਕ ਧੋਖਾਧੜੀ 'ਚ 24 ਕਰੋੜ ਦੀ ਜਾਇਦਾਦ ਜ਼ਬਤ ਕਰਨ ਦਾ ਕੋਰਟ ਨੇ ਦਿੱਤਾ ਆਦੇਸ਼, ਫਰਜ਼ੀ ਕਾਗਜ਼ਾਤ ਦੇ ਆਧਾਰ 'ਤੇ 183 ਕਰੋੜ ਦਾ ਕਰਜ਼ ਲੈ ਕੇ ਮੁਲਜ਼ਮ ਫਰਾਰ

ਕੋਲਕਾਤਾ 28 ਨਵੰਬਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਕੋਲਕਾਤਾ ਦੀ ਇਕ ਵਿਸ਼ੇਸ਼ ਅਦਾਲਤ ਨੇ ਬੈਂਕ ਕਰਜ਼ ਧੋਖਾਧੜੀ ਮਾਮਲੇ 'ਚ ਭਗੌੜਾ ਐਲਾਨੇ ਗਏ ਇਕ ਵਿਅਕਤੀ ਤੇ ਕੁਝ ਹੋਰਨਾਂ ਦੀ 24 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕਰਨ ਦਾ ਆਦੇਸ਼ ਦਿੱਤਾ ਹੈ। ਈਡੀ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ ਹੈ। ਕੋਲਕਾਤਾ ਤੇ ਤਾਮਿਲਨਾਡੂ ਦੇ ਤਿਰੁਪੁਰ ਦੇ ਪ੍ਰਮੁੱਖ ਇਲਾਕਿਆਂ 'ਚ ਮੌਜੂਦ ਇਹ ਚੱਲ ਤੇ ਅਚੱਲ ਜਾਇਦਾਦਾਂ ਮੁੱਖ ਸਾਜ਼ਿਸ਼ਕਰਤਾ ਪੁਸ਼ਪੇਸ਼ ਕੁਮਾਰ ਬੈਦ ਤੇ ਉਸਦੇ ਸਹਿਯੋਗੀਆਂ ਦੀਆਂ ਹਨ। ਏਜੰਸੀ ਨੇ ਬਿਆਨ 'ਚ ਕਿਹਾ ਕਿ ਬੈਦ ਨੂੰ ਤਿੰਨ ਜਨਵਰੀ ਨੂੰ ਉਸੇ ਅਦਾਲਤ ਨੇ ਭਗੌੜਾ ਆਰਥਿਕ ਅਪਰਾਧੀ ਐਕਟ (ਐੱਫਈਓ) ਦੇ ਤਹਿਤ ਅਪਰਾਧੀ ਐਲਾਨਿਆ ਸੀ। ਬੈਦ ਤੇ ਹੋਰਨਾਂ ਦੇ ਖਿਲਾਫ਼ ਗੈਰ ਜ਼ਮਾਨਤੀ ਵਾਰੰਟ ਜਾਰੀ ਕੀਤੇ ਜਾਣ ਦੇ ਬਾਵਜੂਦ ਕਾਨੂੰਨੀ ਕਾਰਵਾਈ ਤੋਂ ਗੈਰਹਾਜ਼ਰ ਰਿਹਾ। ਪੁਸ਼ਪੇਸ਼ ਦੀ ਮਲਕੀਅਤ ਵਾਲੀ ਤੇ ਉਸਦੇ ਕੰਟਰੋਲ ਵਾਲੀਆਂ ਕਈ ਕੰਪਨੀਆਂ ਨੇ ਗਲਤ ਵਿੱਤੀ ਵੇਰਵਾ ਤੇ ਕਈ ਜ਼ਮੀਨਾਂ ਤੇ ਫਲੈਟਾਂ ਦੇ ਜਾਅਲੀ ਦਸਤਾਵੇਜ਼ ਜਮ ?ਹਾ ਕਰ ਕੇ ਬੈਂਕਾਂ ਤੋਂ ਕਰਜ਼ ਲਿਆ ਤੇ ਭਾਰਤੀ ਸਟੇਟ ਬੈਂਕ, ਦੇਨਾ ਬੈਂਕ, ਬੈਂਕ ਆਫ ਇੰਡੀਆ, ਇੰਡੀਅਨ ਓਵਰਸੀਜ਼ ਬੈਂਕ ਤੇ ਇਲਾਹਾਬਾਦ ਬੈਂਕ ਨੂੰ 183 ਕਰੋੜ ਦਾ ਭੁਗਤਾਨ ਨਹੀਂ ਕੀਤਾ। ਮੁਲਜ਼ਮ ਨੇ ਆਪਣੇ ਮੁਲਾਜ਼ਮਾਂ ਤੇ ਸਹਿਯੋਗੀਆਂ ਦੀਆਂ ਕੰਪਨੀਆਂ ਦੇ ਨਾਂ 'ਤੇ ਖੋਲ੍ਹਵੇ ਗਏ ਬੈਂਕ ਖਾਤਿਆਂ ਰਾਹੀਂ ਕਰਜ਼ ਰਾਸ਼ੀ ਨੂੰ ਦੂਜੀ ਥਾਂ ਇਸਤੇਮਾਲ ਕੀਤਾ। ਈਡੀ ਨੇ ਕਿਹਾ ਕਿ ਬੈਦ ਤੇ ਹੋਰ ਮੁਲਜ਼ਮਾਂ ਦੇ ਖਿਲਾਫ਼ ਫਰਵਰੀ 2022 'ਚ ਮਨੀ ਲਾਂਡ੍ਰਿੰਗ ਰੋਕੂ ਐਕਟ ਦੀਆਂ ਵੱਖ ਵੱਖ ਧਾਰਾਵਾਂ ਦੇ ਤਹਿਤ ਚਾਰਜਸ਼ੀਟ ਦਾਇਰ ਕੀਤੀ ਗਈ ਸੀ।

# ਪੰਜਾਬ 'ਚ ਜਲਦ ਸ਼ੁਰੂ ਹੋਣ ਜਾ ਰਿਹਾ ਇੱਕ ਹੋਰ ਇੰਟਰਨੈਸ਼ਨਲ ਏਅਰਪੋਰਟ



ਨਵੀਂ ਦਿੱਲੀ, 28 ਨਵੰਬਰ (ਜਸਵਿੰਦਰ ਸਿੰਘ ਬਿੱਟਾ)- ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਨੇ ਕੇਂਦਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਨਾਲ ਮੁਲਾਕਾਤ ਕਰਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਅੰਤਰਰਾਸ਼ਟਰੀ ਹਵਾਈ ਅੱਡੇ ਹਲਵਾਰਾ ਨੂੰ ਚਾਲੂ ਕਰਨ ਲਈ ਵਿਸਥਾਰ ਨਾਲ ਚਰਚਾ ਕੀਤੀ। ਕੇਂਦਰੀ ਮੰਤਰੀ ਨੇ ਭਰੋਸਾ ਦਿਵਾਇਆ ਹੈ ਕੇ ਆਉਣ ਵਾਲੇ 3 ਮਹੀਨੇ ਦੇ ਅੰਦਰ ਇਹ ਹਵਾਈ ਅੱਡਾ ਸ਼ੁਰੂ ਹੋ ਜਾਵੇਗਾ ਅਤੇ ਇਥੋਂ ਉਡਾਣਾਂ ਚਾਲੂ ਹੋ ਜਾਣਗੀਆਂ।

ਇਥੇ ਗੌਰਤਲਬ ਹੈ ਕੇ ਡਾ ਅਮਰ ਸਿੰਘ ਜੀ ਨੇ 2018 ਵਿੱਚ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਤੋਂ ਸਾਰੀਆਂ ਮਨਜ਼ੂਰੀਆਂ ਲੈਕੇ ਇਸ ਹਵਾਈ ਅੱਡੇ ਦਾ ਕੰਮ ਸ਼ੁਰੂ ਕਰਵਾਇਆ ਸੀ ਅਤੇ ਅੱਜ ਇਹ ਹਵਾਈ ਅੱਡਾ ਬਣ ਕੇ ਤਿਆਰ ਹੋ ਚੁੱਕਾ ਹੈ।

# ਨਵਜੋਤ ਸਿੱਧੂ ਦੀ ਪਤਨੀ ਨੂੰ 850 ਕਰੋੜ ਦਾ ਨੋਟਿਸ, ਨਿੰਬੂ ਪਾਣੀ, ਹਲਦੀ ਤੇ ਨਿੰਮ ਨਾਲ ਕੈਂਸਰ ਠੀਕ ਹੋਣ ਦਾ ਕੀਤਾ ਸੀ ਦਾਅਵਾ

ਚੰਡੀਗੜ੍ਹ ,28 ਨਵੰਬਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪੰਜਾਬ ਕਾਂਗਰਸ ਨੇਤਾ ਤੇ ਸਾਬਕਾ ਕ੍ਰਿਕਟਰ ਨਵਜੋਤ ਸਿੰਘ ਸਿੱਧੂ ਦੀ ਪਤਨੀ ਦੇ ਦਾਅਵੇ 'ਤੇ ਛੱਤੀਸਗੜ੍ਹ ਸਿਵਲ ਸੁਸਾਇਟੀ ਨੇ ਪੱਤਰ ਲਿਖ ਕੇ ਨਵਜੋਤ ਕੌਰ ਨੂੰ 850 ਕਰੋੜ ਰੁਪਏ ਦਾ ਨੋਟਿਸ ਭੇਜਿਆ ਹੈ ਕਿ ਨਿੰਬੂ ਪਾਣੀ, ਕੱਚੀ ਹਲਦੀ ਅਤੇ ਨਿੰਮ ਕੈਂਸਰ ਨੂੰ ਠੀਕ ਕਰ ਸਕਦੇ ਹਨ।



ਛੱਤੀਸਗੜ੍ਹ ਸਿਵਲ ਸੁਸਾਇਟੀ ਦੇ ਕਨਵੀਨਰ ਡਾ: ਕੁਲਦੀਪ ਸੋਲੰਕੀ ਨੇ ਕਿਹਾ ਕਿ ਤੁਹਾਡੀ ਖੁਰਾਕ ਬਾਰੇ ਸੁਣ ਕੇ ਦੇਸ਼-ਵਿਦੇਸ਼ਵਿੱਚ ਕੈਂਸਰ ਦੇ ਮਰੀਜ਼ਾਂ ਵਿੱਚ ਐਲੋਪੈਥੀ ਦਵਾਈ ਪ੍ਰਤੀ ਭੰਬਲਭੂਸਾ ਤੇ ਵਿਰੋਧ ਦੀ ਸਥਿਤੀ ਪੈਦਾ ਹੋ ਰਹੀ ਹੈ। ਇਲਾਜ ਦੇ ਦਸਤਾਵੇਜ਼ 7 ਦਿਨਾਂ ਦੇ ਅੰਦਰ ਪੇਸ਼ ਕਰੋ। ਉਨ੍ਹਾਂ ਕਿਹਾ ਕਿ ਜੇਕਰ 7 ਦਿਨਾਂ ਅੰਦਰ ਮੁਆਫ਼ੀ ਜਾਂ ਸਬੂਤ ਨਾ ਮਿਲੇ ਤਾਂ ਉਹ ਆਪਣੇ ਵਕੀਲ ਰਾਹੀਂ ਅਦਾਲਤ 'ਚ ਜਾਣਗੇ ਡਾਕਟਰ ਕੁਲਦੀਪ ਸੋਲੰਕੀ ਨੇ ਨਵਜੋਤ ਕੌਰ ਨੂੰ ਪੱਤਰ ਲਿਖ ਕੇ ਜਾਣਕਾਰੀ ਮੰਗੀ ਹੈ ਕਿ ਉਸ ਦੇ ਪਤੀ ਨੇ ਖੁਰਾਕ ਰਾਹੀਂ ਕੈਂਸਰ ਨੂੰ ਠੀਕ ਕਰਨ ਦਾ ਦਾਅਵਾ ਕੀਤਾ ਹੈ। ਕੀ ਤੁਸੀਂ ਉਸਦੇ ਬਿਆਨ ਦਾ ਪੂਰਾ ਸਮਰਥਨ ਕਰਦੇ ਹੋ? ਕੀ ਤੁਸੀਂ ਮਹਿਸੂਸ ਕਰਦੇ ਹੋ ਕਿ ਐਲੋਪੈਥੀ ਦਵਾਈ ਦੇ ਇਲਾਜ ਦਾ ਜੋ ਤੁਸੀਂ ਕਈ ਹਸਪਤਾਲਾਂ ਵਿੱਚ ਕਰਵਾਇਆ ਹੈ, ਉਸ ਦਾ ਤੁਹਾਨੂੰ ਕੋਈ ਲਾਭ ਨਹੀਂ ਹੋਇਆ ? ਕੀ ਤੁਸੀਂ ਕੈਂਸਰ ਮੁਕਤ ਹੋਣ ਲਈ ਆਪਣੀ ਖੁਰਾਕ ਵਿੱਚ ਨਿੰਮ ਦੇ ਪੱਤੇ, ਨਿੰਬੂ ਪਾਣੀ, ਤੁਲਸੀ ਦੇ ਪੱਤੇ, ਹਲਦੀ ਦਾ ਸੇਵਨ ਕੀਤਾ ਹੈ ? ਕੋਈ ਐਲੋਪੈਥੀ ਦਵਾਈ ਨਹੀਂ ਵਰਤੀ ? ਜੇ ਤੁਸੀਂ ਆਪਣੇ ਪਤੀ ਦੇ ਦਾਅਵੇ ਦਾ ਸਮਰਥਨ ਕਰਦੇ ਹੋ, ਤਾਂ ਸਾਨੂੰ 7 ਦਿਨਾਂ ਦੇ ਅੰਦਰ ਸਾਰੇ ਪ੍ਰਮਾਣਿਤ ਦਸਤਾਵੇਜ਼ ਪ੍ਰਦਾਨ ਕਰੋ, ਜੋ ਇਹ ਸਾਬਤ ਕਰ ਸਕਦੇ ਹਨ ਕਿ ਤੁਸੀਂ ਬਿਨਾਂ ਕਿਸੇ ਦਵਾਈ ਦੇ ਜਾਂ ਬਿਨਾਂ ਕਿਸੇ ਡਾਕਟਰੀ ਸਹਾਇਤਾ ਦੇ ਆਪਣੀ ਖੁਰਾਕ ਵਿੱਚ ਤਬਦੀਲੀ ਕਰਕੇ 40 ਦਿਨਾਂ ਵਿੱਚ ਸਟੇਜ 4 ਦੇ ਕੈਂਸਰ ਨੂੰ ਠੀਕ ਕਰ ਲਿਆ ਹੈ ਤੁਸੀਂ ਕੈਂਸਰ ਮੁਕਤ ਹੋ ਗਏ ਹੋ।

# ਜੰਮੂ ਕਸ਼ਮੀਰ ਅਤੇ ਪਾਕਿਸਤਾਨ 'ਚ ਭੂਚਾਲ ਦੇ ਝਟਕੇ

ਇਸਲਾਮਾਬਾਦ, 28 ਨਵੰਬਰਭਾਰਤ ਦੇ ਜੰਮੂ ਕਸ਼ਮੀਰ ਅਤੇ ਪਾਕਿਸਤਾਨ ਦੇ ਉੱਤਰ-ਪੱਛਮੀ ਖੇਤਰ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਹਾਲਾਂਕਿ ਦੋਵੇਂ ਥਾਈਂ ਜਾਨੀ-ਮਾਲੀਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਜੰਮੂ ਕਸ਼ਮੀਰ ਵਿੱਚ ਭੂਚਾਲ ਦੀ ਤੀਬਰਤਾ ਰਿਕਟਰ ਪੈਮਾਨ 'ਤੇ 5.8 ਮਾਪੀ ਗਈ, ਜਦਕਿ ਪਾਕਿਸਤਾਨ ਵਿੱਚ 5.2 ਤੀਬਰਤਾ ਦਾ ਭੂਚਾਲ ਆਇਆ।

ਜੰਮੂ ਕਸ਼ਮੀਰ ਦੇ ਅਧਿਕਾਰੀਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਾਮ ਕਰੀਬ 4:19 ਵਜੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਉਨ੍ਹਾਂ ਦੱਸਿਆ ਕਿ ਭੂਚਾਲ ਦਾ ਕੇਂਦਰ ਅਫ਼ਗਾਨਿਸਤਾਨ ਵਿੱਚ 36.49 ਡਿਗਰੀ ਉੱਤਰੀ ਅਕਸ਼ਾਂਸ਼ ਅਤੇ 71.27 ਡਿਗਰੀ ਪੂਰਬੀ ਦੇਸ਼ਾਂਤਰ 'ਤੇ 165 ਕਿਲੋਮੀਟਰ ਦੀ ਡੂੰਘਾਈ 'ਤੇ ਸੀ। ਉਨ੍ਹਾਂ ਦੱਸਿਆ ਕਿ ਅਜੇ ਤੱਕ ਕਸ਼ਮੀਰ ਘਾਟੀ ਵਿੱਚ ਕਿਤੇ ਵੀ ਜਾਨ-ਮਾਲ ਦੇ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ।

ਦੂਜੇ ਪਾਸੇ ਪਾਕਿਸਤਾਨ ਦੇ ਭੂਚਾਲ ਵਿਗਿਆਨ ਕੇਂਦਰ ਅਨੁਸਾਰ ਭੂਚਾਲ ਦਾ ਕੇਂਦਰ ਅਫ਼ਗਾਨਿਸਤਾਨ ਅਤੇ ਤਾਜ਼ਿਕਸਤਾਨ ਦਰਮਿਆਨ ਸਰਹੱਦੀ ਖੇਤਰ ਦੇ ਨੇੜੇ ਸੀ ਅਤੇ ਇਸ ਦੀ ਡੂੰਘਾਈ 212 ਕਿਲੋਮੀਟਰ ਸੀ। ਸਥਾਨਕ ਅਧਿਕਾਰੀਆਂ ਅਨੁਸਾਰ ਪਿਸ਼ਾਵਰ ਅਤੇ ਖੈਬਰ ਪਖਤੂਨਖਵਾ ਸੂਬੇ ਦੇ ਕਈ ਖੇਤਰਾਂ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਉਨ੍ਹਾਂ ਦੱਸਿਆ ਕਿ ਹਾਲੇ ਤੱਕ ਜਾਨੀ-ਮਾਲੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ।

# ਪੰਜਾਬ ਸਰਕਾਰ 6 ਹਫ਼ਤਿਆਂ 'ਚ ਦੱਸੇ ਕਿ ਝੂਠੇ ਪੁਲਿਸ ਮੁਕਾਬਲਿਆਂ ਦੀ ਜਾਂਚ ਵਿਚ ਸੀਬੀਆਈ ਨੂੰ ਸਹਿਯੋਗ ਕਰੇਗੀ ? : ਹਾਈ ਕੋਰਟ

ਨਵੀਂ ਦਿੱਲੀ, 28 ਨਵੰਬਰ (ਜਸਵਿੰਦਰ ਸਿੰਘ ਬਿੱਟਾ)-ਪੰਜਾਬ ਵਿਚ ਕਾਲੇ ਦੌਰ ਦੌਰਾਨ ਪੁਲਿਸ ਵਲੋਂ ਮਾਰੇ ਗਏ ਬੇਦੋਸ਼ੇ ਹਜ਼ਾਰਾਂ ਨੌਜੁਆਨਾਂ ਦੇ ਝੂਠੇ ਪੁਲਿਸ ਮੁਕਾਬਲਿਆਂ ਦੀ ਜਾਂਚ ਦੀ ਮੰਗ ਕਰਦੀ ਪਟੀਸ਼ਨ ਦੀ ਸੁਣਵਾਈ ਦੌਰਾਨ ਅੱਜ ਪੰਜਾਬ ਸਰਕਾਰ ਨੇ ਜਵਾਬ ਦਾਖ਼ਲ ਕਰਨ ਲਈ ਹੋਰ ਸਮਾਂ ਮੰਗਿਆ ਹੈ। ਪੰਜਾਬ ਸਰਕਾਰ ਨੇ ਜਵਾਬ ਦਾਖ਼ਲ ਕਰਨਾ ਸੀ ਕਿ ਕੀ ਉਹ ਜਾਂਚ ਲਈ ਸੀਬੀਆਈ ਨੂੰ ਅਮਲਾ ਮੁਹੱਇਆ

ਕਰਵਾਏਗੀ? ਸੀਬੀਆਈ ਨੇ ਜਾਂਚ ਤੋਂ ਹੱਥ ਖੜੇ ਕਰਦਿਆਂ ਹਾਈ ਕੋਰਟ ਵਿਚ ਜਵਾਬ ਦਾਖ਼ਲ ਕਰ ਕੇ ਕਿਹਾ ਸੀ ਕਿ ਸੀਬੀਆਈ ਕੋਲ ਸੀਮਤ ਸਰੋਤ ਹਨ। ਜੇ ਪੰਜਾਬ ਸਰਕਾਰ ਸਰੋਤ ਮੁਹੱਇਆ ਕਰਵਾਏ ਤਾਂ ਜਾਂਚ ਕੀਤੀ ਜਾ ਸਕਦੀ ਹੈ। ਸੀਬੀਆਈ ਨੇ ਕਿਹਾ ਸੀ ਕਿ ਜੇ ਸਾਲ 1984 ਤੋਂ 1996 ਦਰਮਿਆਨ ਗ਼ੈਰ- ਕਾਨੂੰਨੀ ਢੰਗ ਨਾਲ ਮਾਰੇ ਗਏ ਤੇ ਅਣਪਛਾਤੇ ਦੱਸ ਕੇ ਸਸਕਾਰ ਕਰਨ ਦੇ 6733 ਮਾਮਲਿਆਂ ਦੀ ਜਾਂਚ ਕਰਵਾਉਣਾ ਚਾਹੁੰਦੀ ਹੈ ਤਾਂ ਪੰਜਾਬ ਪੁਲਿਸ ਕੋਲੋਂ ਅਮਲਾ ਮੁਹੱਇਆ

ਕਰਵਾਇਆ ਜਾਵੇ। ਸੀਬੀਆਈ ਨੇ ਕਿਹਾ ਸੀ ਕਿ ਅਜਿਹੇ ਹੀ ਮਾਮਲਿਆਂ ਦੀ ਜਾਂਚ ਦੀ ਮੰਗ ਨੂੰ ਲੈ ਕੇ ਸਾਲ 1994 ਵਿਚ ਦਾਖ਼ਲ ਦੋ ਪਟੀਸ਼ਨਾਂ 'ਤੇ ਸੁਪਰੀਮ ਕੋਰਟ ਵਿਚ 11 ਦਸੰਬਰ 1996 ਨੂੰ ਸੀਬੀਆਈ ਨੂੰ ਜਾਂਚ ਦਾ ਹੁਕਮ ਦਿਤਾ ਸੀ ਜਿਸ ਤੋਂ ਬਾਅਦ ਪੀੜਤ ਪਰਵਾਰਾਂ ਕੋਲੋਂ ਸ਼ਿਕਾਇਤਾਂ ਮੰਗੀਆਂ ਗਈਆਂ ਤੇ 199 ਸ਼ਿਕਾਇਤਾਂ ਪ੍ਰਾਪਤ ਹੋਈਆਂ। ਇਨ੍ਹਾਂ ਸ਼ਿਕਾਇਤਾਂ ਦੀ ਪੜਤਾਲ ਉਪਰੰਤ ਕੁਲ 62 ਮਾਮਲੇ ਦਰਜ ਕੀਤੇ ਗਏ।

ਸੀਬੀਆਈ ਨੇ ਦਸਿਆ ਸੀ ਕਿ ਇਨ੍ਹਾਂ ਵਿਚੋਂ ਅੰਮ੍ਰਿਤਸਰ, ਤਰਨਤਾਰਨ ਤੇ ਮਜੀਠਾ ਜ਼ਿਲ੍ਹਿਆਂ ਦੇ ਸ਼ਮਸ਼ਾਨਘਾਟਾਂ 'ਚ ਸਾੜੀਆਂ ਗਈਆਂ ਲਾਸ਼ਾਂ ਦੇ ਸਬੰਧ ਵਿਚ 46 ਮਾਮਲੇ ਦਰਜ ਕੀਤੇ ਗਏ ਤੇ ਬਾਕੀ 16 ਮਾਮਲੇ ਪੰਜਾਬ ਦੇ ਹੋਰ ਖੇਤਰਾਂ ਦੇ ਹਨ ਤੇ ਇਹ ਕਹਿਣਾ ਗ਼ਲਤ ਹੋਵੇਗਾ ਕਿ ਤਿੰਨ ਜ਼ਿਲ੍ਹਿਆਂ ਤੋਂ ਬਾਹਰ ਦੇ ਮਾਮਲਿਆਂ ਵਿਚ ਜਾਂਚ ਨਹੀਂ ਹੋਈ। ਸੀਬੀਆਈ ਨੇ ਕਿਹਾ ਸੀ ਕਿ ਤਿੰਨ ਦਹਾਕਿਆਂ ਉਪਰੰਤ ਲਾਸ਼ਾਂ ਦੇ ਲੋੜੀਂਦੇ ਨਮੂਨੇ ਨਹੀਂ ਮਿਲਣਗੇ, ਜਿਸ ਨਾਲ ਮ੍ਰਿਤਕਾਂ ਦੇ ਪੀੜਤਾਂ ਨਾਲ ਡੀਐਨਏ ਟੈਸਟ ਕਰਵਾਇਆ ਜਾਣਾ ਹੈ ਤੇ ਨਾ ਹੀ ਸ਼ਮਸ਼ਾਨਘਾਟਾਂ ਤੇ ਹਸਪਤਾਲਾਂ 'ਚੋਂ ਰਿਕਾਰਡ ਮਿਲਣਾ ਹੈ। ਪਟੀਸ਼ਨਰ ਵਲੋਂ ਇਕੱਲੇ ਘਟਨਾਵਾਂ ਦਾ ਹਵਾਲਾ ਦਿਤੇ ਜਾਣ ਨਾਲ ਜਾਂਚ ਨਹੀਂ ਹੋ ਸਕੇਗੀ। ਇਹ ਵੀ ਕਿਹਾ ਕਿ ਸੁਪਰੀਮ ਕੋਰਟ ਅਤੇ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੀਆਂ ਹਦਾਇਤਾਂ 'ਤੇ ਪੀੜਤ ਪਰਵਾਰਾਂ ਨੂੰ ਸਮੇਂ-ਸਮੇਂ ਸਿਰ ਮੁਆਵਜ਼ਾ ਦਿਤਾ ਗਿਆ ਹੈ। ਇਸ ਸੱਭ ਦੇ ਬਾਵਜੂਦ ਸੀਬੀਆਈ ਜਾਂਚ ਲਈ ਤਿਆਰ ਹੈ ਪਰ ਪੰਜਾਬ ਪੁਲਿਸ ਕੋਲੋਂ ਅਮਲਾ ਮੁਹਈਆ ਕਰਵਾਇਆ ਜਾਵੇ। ਹਾਈ ਕੋਰਟ ਨੇ ਪੰਜਾਬ ਸਰਕਾਰ ਕੋਲੋਂ ਜਵਾਬ ਮੰਗਿਆ ਸੀ ਕਿ ਕੀ ਉਹ ਜਾਂਚ ਵਿਚ ਸੀਬੀਆਈ ਨੂੰ ਸਹਿਯੋਗ ਕਰ ਸਕਦੀ ਹੈ? ਇਸੇ 'ਤੇ ਸਰਕਾਰ ਨੇ ਹੋਰ ਸਮਾਂ ਮੰਗਿਆ ਹੈ, ਜਿਸ 'ਤੇ ਹਾਈ ਕੋਰਟ ਨੇ 6 ਹਫਤਿਆਂ ਦਾ ਸਮਾਂ ਦਿੰਦਿਆਂ ਸੁਣਵਾਈ ਅੱਗੇ ਪਾ ਦਿਤੀ ਹੈ।

ਪੰਜਾਬ ਡਾਕੂਮੈਂਟ ਐਡਵੋਕੇਸੀ ਪ੍ਰਾਜੈਕਟ (ਪੀਪੀਪੀ) ਦੇ ਸਤਨਾਮ ਸਿੰਘ ਬੈਂਸ ਨੇ ਐਡਵੋਕੇਟ ਆਰ.ਐਸ. ਬੈਂਸ ਰਾਹੀਂ ਦਾਖ਼ਲ ਪਟੀਸ਼ਨ ਵਿਚ ਹਾਈ ਕੋਰਟ ਦਾ ਧਿਆਨ ਦਿਵਾਇਆ ਸੀ ਕਿ 1984 ਤੋਂ 1994 ਤਕ ਦੇ 10 ਸਾਲਾਂ ਦੌਰਾਨ ਪੰਜਾਬ ਵਿਚ ਕਾਲੇ ਦੌਰ ਦੌਰਾਨ ਪੁਲਿਸ ਵਲੋਂ ਕੀਤੇ ਗਏ ਹਜ਼ਾਰਾਂ ਗ਼ੈਰ-ਨਿਆਇਕ ਕਤਲਾਂ ਅਤੇ ਉਨ੍ਹਾਂ ਦੇ ਗੁਪਤ ਸਸਕਾਰ ਅਤੇ ਲਾਪਤਾ ਹੋਣ ਦੇ ਮਾਮਲਿਆਂ ਦੀ ਸੁਪਰੀਮ ਕੋਰਟ ਨੇ ਵੀ ਜਾਂਚ ਦੇ ਹੁਕਮ ਦਿਤੇ ਸਨ।






ROYAL SHIELD GROUP


# SUPER VISA INSURANCE

**EMERGENCY MEDICAL INSURANCE FOR**

- STUDENTS
- WORK PERMIT HOLDERS
- VISITORS

**TEHAL SINGH BRAR**
INSURANCE ADVISOR
**905-782-2013**

**SAHAS BRAR**
**416-660-6151**








## CHILD PLAN

Do you want to give a **Life Time Gift to your Child?** Call Now to set up this plan!

- A MAGICAL POLICY
- 20 Years To Pay!

# BRAMPTON CASH AND CARRY

WHOLESALER | IMPORTER
DISTRIBUTOR | RETAILER

**Wholesaler, Importer, Distributor & Retailer of Restaurants Supply**








BRAMPTON
CASH & CARRY

Brampton CashandCarry2023@gmail.com

905-230-4800

100 Kennedy Road S., Brampton, ON L6W 3E7


AAPKI PASAND AAPKA SWAAD
DURUM CHAKKI
ATTA
Aapki PASAND
AAPKA SWAAD
आटा
ਆਟਾ
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
WEIGHT
20LB
PRICE
$9.99
6HR
SOFTNESS
BEST FOR ROLLS, PARANTHAS. POORIS & HOTBREADS
Contact us
905-230-4800 | 416-700-9100
100 KENNEDY ROAD S., BRAMPTON ON L6W 3E7, CANADA

# LARGEST LIFE SAVING CAMPAI

Blood Donations by Sikh Nation

Campaign Against Genocide

## In the Remembrance of

# Sikh Genocide 198

## Annual Blood Donatio Campaign 2024

In every November, the people of Sikh Faith aroun
world Donate Blood to reach out and embrace the
that all humans must live a safe and happy life, whil
memorating the memory of lives lost during the Ge
of November 1984. The Blood Donation by Sikh Natio
paign started 25 years ago in British Columbia. This
largest life saving campaign in Canada, and have
around 200000 lives.



ਦੁਨੀਆਂ ਭਰ 'ਚ ਵੱਸਦੀ ਸਿੱਖ ਕੌਮ ਵੱਲੋ

ਨਸਲਕੁਸ਼ੀ 1984

ਦੀ ਯਾਦ ਵਿੱਚ

ਖੂਨਦਾਨ ਮੁਹਿੰਮ 2024

**CBS ID # SIKH012467**

More Info Please Contact

**Phone: (647) 708-1984**

Blood Donation by SIKH NATION Ontario

(Scan QR Code)
Join us for Blood Donation or Volunteer

## Locations

1. BRAMPTON (02 NOV SAT 10 AM TO 4PM) Khalsa Community School, 69 Maitland Street, Brampton, ON
2. BRAMPTON (03 NOV SAT 10 AM TO 4PM) Khalsa Community School, 69 Maitland Street, Brampton, ON